# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-11-2024**

- ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿਚ ਜਿਮਨੀ ਚੋਣਾਂ ਲਈ ਪੋਲਿੰਗ ਕੁਲ ਮਿਲਾ ਕੇ ਅਮਨੋ ਅਮਾਨ ਨਾਲ ਖਤਮ ਹੋਈ, ਸ਼ਾਮ 5 ਵਜੇ ਤੱਕ 59.67 ਫੀਸਦ ਵੋਟਿੰਗ ਦਰਜ ਕੀਤੀ ਗਈ
- ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਤਹਿਤ ਜਿਲਾ ਤਰਨਤਾਰਨ ਵਿਚ 5 ਹਜਾਰ ਤੋਂ ਵੱਧ ਆਬਾਦੀ ਵਾਲੇ ਪਿੰਡ ਨੂੰ ਸੂਰਜੀ ਸੋਲਰ ਪਿੰਡ ਵਜੋਂ ਵਿਕਸਤ ਕੀਤਾ ਜਾਵੇਗਾ।
- ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਜੇਈਈ ਮੇਨਜ਼ ਤੇ ਨੀਟ ਪ੍ਰੀਖਿਆਵਾਂ ਕਰਵਾਉਣ ਦਾ ਫੈਸਲਾ ਕੀਤਾ ਏ।

- ਸੂਬੇ ‘ਚ ਪਿਛਲੇ 24 ਘੰਟਿਆਂ ਦੌਰਾਨ ਪ੍ਰਦੂਸ਼ਣ ਇਕ ਵਾਰ ਫਿਰ ਚਿੰਤਾਜਨਕ ਪੱਧਰ ‘ਤੇ ਪਹੁੰਚ ਗਿਆ ਏ।

---------------------------------------------------------------

ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਵੋਟਿੰਗ ਪ੍ਰਕਿਰਿਆ ਸ਼ਾਮ 6 ਵਜੇ ਸਮਾਪਤ ਹੋ ਗਈ ਏ। ਸਵੇਰੇ 7 ਵਜੇ ਵੋਟਿੰਗ ਸ਼ੁਰੂ ਹੋ ਗਈ ਸੀ। ਇਨ੍ਹਾਂ ਹਲਕਿਆਂ ਦੀ ਨੁਮਾਇੰਦਗੀ ਕਰਨ ਵਾਲੇ ਵਿਧਾਇਕ ਲੋਕ ਸਭਾ ਲਈ ਚੁਣੇ ਜਾਣ ਤੋਂ ਬਾਅਦ ਇੱਥੇ ਉਪ-ਚੋਣਾਂ ਕਰਵਾਉਣੀਆਂ ਜ਼ਰੂਰੀ ਹੋ ਗਈਆਂ ਸਨ। ਇਨ੍ਹਾਂ ਹਲਕਿਆਂ ਦੇ 831 ਪੋਲਿੰਗ ਸਟੇਸ਼ਨਾਂ 'ਤੇ ਕਰੀਬ 7 ਲੱਖ ਯੋਗ ਵੋਟਰਾਂ ਨੇ ਆਪਣੀ ਵੋਟ ਪਾਉਣੀ ਸੀ। ਪੰਜਾਬ ਦੇ ਮੁੱਖ ਚੋਣ ਦਫ਼ਤਰ ਦੇ ਸੂਤਰਾਂ ਅਨੁਸਾਰ ਸ਼ਾਮ 5.00 ਵਜੇ ਤੱਕ 20.76 ਫ਼ੀਸਦੀ ਪੋਲਿੰਗ ਦਰਜ ਕੀਤੀ ਗਈ।

---------------------------------------------------------------

ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਤਹਿਤ ਜਿਲ੍ਹਾ ਤਰਨ ਤਾਰਨ ਵਿਚ 5000 ਹਜ਼ਾਰ ਤੋਂ ਵੱਧ ਆਬਾਦੀ ਵਾਲੇ ਪਿੰਡ ਨੂੰ ਮਾਡਲ ਸੋਲਰ ਵਿਲੇਜ਼ ਦੇ ਤੌਰ ਤੇ ਵਿਕਸਿਤ ਕੀਤਾ ਜਾਵੇਗਾ। ਤਰਨਤਾਰਨ ਦੇ ਡਿਪਟੀ ਕਮਿਸ਼ਨਰ ਰਾਹੁਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ

ਯੋਜਨਾ ਤਹਿਤ ਮਾਡਲ ਪਿੰਡ ਚੁਣਨ ਲਈ ਜਿਲ੍ਹਾ ਤਰਨ ਤਾਰਨ ਦੇ ਪਿੰਡਾਂ ਵਿਚ ਚੱਲ ਰਹੇ ਸ਼ੋਲਰ ਊਰਜਾ ਦੇ ਘਰੇਲੂ ਕਨੈਕਸ਼ਨਾਂ ਸਬੰਧੀ ਰਿਪੋਰਟ ਭੇਜੀ ਜਾਵੇ । ਉਨ੍ਹਾਂ ਅਧਿਕਾਰੀਆਂ ਨੂੰ ਜਿਲ੍ਹੇ ਦੀਆਂ ਪੰਚਾਇਤਾਂ ਨੂੰ ਸੋਲਰ ਊਰਜਾ ਸਬੰਧੀ ਜਾਗਰੂਕ ਕਰਨ ਦੀ ਹਦਾਇਤ ਕੀਤੀ। ਯੋਜਨਾ ਤਹਿਤ ਚੁਣੇ ਜਾਣ ਵਾਲੇ ਮਾਡਲ ਸੋਲਰ ਵਿਲੀਜ ਵਿਚ ਸਰਕਾਰ ਵੱਲੋਂ ਸੋਲਰ ਊਰਜਾ ਨੂੰ ਉਤਸ਼ਾਹਿਤ ਕਰਨ ਲਈ 1  ਕਰੋੜ ਖਰਚ ਕੀਤੇ ਜਾਣਗੇ।

---------------------------------------------------------------

ਜਲ ਸਰੋਤ ਵਿਭਾਗ ਪੰਜਾਬ ਵੱਲੋਂ ਸਰਹਿੰਦ ਫੀਡਰ ਨਹਿਰ ਦੀ ਰੀਲਾਇਨਿੰਗ ਦਾ 10 ਕਿਲੋਮੀਟਰ ਖੇਤਰ ਵਿਚ ਰੁਕਿਆ ਹੋਇਆ ਕੰਮ ਦੁਬਾਰਾ ਨਵਾਂ ਡਿਜਾਇਨ ਕਰਕੇ ਲੋਕਾਂ ਦੀ ਮੰਗ ਅਨੁਸਾਰ ਕਰਵਾਇਆ ਜਾਵੇਗਾ। ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਸਰਹੰਦ ਫੀਡਰ ਨਹਿਰ ਦੇ ਫਰੀਦਕੋਟ ਸ਼ਹਿਰ ਦੇ ਨਾਲ ਲਗਦੇ ਕਰੀਬ 10 ਕਿਲੋਮੀਟਰ ਏਰੀਏ ਦੀ ਰੀ-ਲਾਈਨਿੰਗ ਦਾ ਕੰਮ ਰੋਕ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਹੁਣ ਇਹ ਨਵਾਂ ਡਿਜ਼ਾਇਨ ਤਿਆਰ ਕਰਕੇ ਨਹਿਰੀ ਪਾਣੀ ਨੂੰ ਜ਼ਮੀਨ ਵਿੱਚ ਰੀਚਾਰਜ ਕਰਨ ਵਾਲਾ ਪ੍ਰਾਜੈਕਟ

ਬਣਾਇਆ ਗਿਆ ਏ। ਉਨ੍ਹਾਂ ਕਿਹਾ ਕਿ ਨਹਿਰ ਦੇ ਕਰੀਬ 10 ਕਿਲੋਮੀਟਰ ਤੇ ਇਸ ਪ੍ਰੋਜੈਕਟ ਤੇ 150 ਕਰੋੜ ਰੁਪਏ ਖਰਚ ਆਉਣ ਦੀ ਉਮੀਦ ਏ।

---------------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਸ਼ਾਮ ਜਾਰਜਟਾਊਨ ਵਿੱਚ ਗੁਆਨਾ ਦੇ ਰਾਸ਼ਟਰਪਤੀ ਡਾਕਟਰ ਮੁਹੰਮਦ ਇਰਫਾਨ ਅਲੀ ਨਾਲ ਗੱਲਬਾਤ ਕਰਨਗੇ। ਗੱਲਬਾਤ ਤੋਂ ਬਾਅਦ ਕਈ ਸਮਝੌਤਿਆਂ 'ਤੇ ਦਸਤਖਤ ਹੋਣ ਦੀ ਉਮੀਦ ਏ। ਪ੍ਰਧਾਨ ਮੰਤਰੀ ਤਿੰਨ ਦਿਨਾਂ ਦੌਰੇ 'ਤੇ ਅੱਜ ਸਵੇਰੇ ਗੁਆਨਾ ਪਹੁੰਚੇ। ਇੱਕ ਬੇਮਿਸਾਲ ਕਦਮ ਵਿੱਚ, ਰਾਸ਼ਟਰਪਤੀ ਅਲੀ ਨੇ ਖੁਦ ਇੱਕ ਦਰਜਨ ਤੋਂ ਵੱਧ ਕੈਬਨਿਟ ਮੰਤਰੀਆਂ ਦੇ ਨਾਲ ਹਵਾਈ ਅੱਡੇ 'ਤੇ ਉਨ੍ਹਾਂ ਦਾ ਸਵਾਗਤ ਕੀਤਾ।

---------------------------------------------------------------------------

ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂਵਿਚ ਜੇਈਈ ਮੇਨਜ਼ ਤੇ ਨੀਟ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਦਾ ਫੈਸਲਾ ਕੀਤਾ ਗਿਆ ਏ । ਸਕੂਲਾਂ ਵਿਚ ਨੀਟ ਪ੍ਰੀਖਿਆ ਲਈ ਆਨਲਾਈਨ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਨੇ । ਸਿੱਖਿਆ ਵਿਭਾਗ ਨੇ ਪਿਛਲੇ ਹਫ਼ਤੇ ਤੋਂ ਜੇਈਈ ਮੇਨਜ਼

ਲਈ ਕੋਚਿੰਗ ਸ਼ੁਰੂ ਕਰ ਦਿੱਤੀ ਏ। ਇਸ ਸਬੰਦੀ ਆਈ. ਆਈ. ਟੀ. ਕਾਨਪੁਰ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਿਤ ਸਾਫਟਵੇਅਰ ਤਿਆਰ ਕੀਤਾ ਏ। ਇਹ ਸਕੀਮ ਸਿੱਖਿਆ ਮੰਤਰਾਲੇ ਸਕੂਲ ਸਿੱਖਿਆ ਤੇ ਸਾਖਰਤਾ ਸਾਹਿਤ ਐਪ ਨਾਲ ਜੁੜੀ ਹੋਈ ਏ। ਨੀਟ ਪ੍ਰੀਖਿਆ ਲਈ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ ਤੇ ਗਣਿਤ ਦੀਆਂ ਕਲਾਸਾਂ ਸ਼ਾਮ 4.30 ਵਜੇ ਤੋਂ ਸ਼ਾਮ 6.30 ਵਜੇ ਤੱਕ ਹੋਣਗੀਆਂ।-

---------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਦਸਿਆ ਏ ਕਿ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ ਦੀ ਪਰੀਖਿਆ 1 ਦਸੰਬਰ ਨੂੰ ਕਰਵਾਈ ਜਾ ਰਹੀ ਏ। ਇਸ ਪਰੀਖਿਆ ਲਈ ਉਮੀਦਵਾਰਾਂ ਦੇ ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਅਪਲੋਡ ਕੀਤੇ ਕਾ ਚੁੱਕੇ ਨੇ। ਉਹਨਾਂ ਦੱਸਿਆ ਕਿ ਜੇਕਰ ਐਡਮਿਟ ਕਾਰਡ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਏ ਤਾਂ ਮੁੱਖ ਦਫ਼ਤਰ ਪੰਜਾਬ ਸਕੂਲ ਸਿੱਖਿਆ ਬੋਰਡ ਵਿਖੇ ਸੰਪਰਕ ਕੀਤਾ ਜਾਵੇ।

---------------------------------------------------------------

ਸੰਗਰੂਰ ਦੇ ਅਕਾਲ ਕਾਲਜ ਮਸਤੂਆਣਾ ਸਾਹਿਬ ਵਿਖੇ ਕਰਵਾਈ ਗਈ ਦੋ ਰੋਜਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਸਫਲਤਾਪੂਰਵਕ

ਸੰਪੰਨ ਹੋ ਗਈ। ਇਸ ਮੌਕੇ ਐਸ.ਡੀ.ਐਮ. ਚਰਨਜੋਤ ਸਿੰਘ ਵਾਲੀਆ ਨੇ ਪੰਜਾਬ ਭਵਨ ਸਰੀ ਕਨੇਡਾ ਵੱਲੋਂ ਨਵੀਆਂ ਕਲਮਾਂ ਨਵੀ ਉਡਾਣ ਪ੍ਰੋਜੈਕਟ ਤਹਿਤ ਬਾਲ ਲੇਖਕਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਕਾਨਫਰੰਸ ਵਿੱਚ ਭਾਗ ਲੈਣ ਲਈ ਪ੍ਰਾਇਮਰੀ, ਮਿਡਲ ਤੇ ਸੈਕੰਡਰੀ ਪੱਧਰ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ ਹੈ। ਕਾਨਫਰੰਸ ਵਿੱਚ 800 ਦੇ ਕਰੀਬ ਬੱਚਿਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ।

--------------------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਕਿਹਾ ਕਿ ਸਿਹਤ ਵਿਭਾਗ ਵਲੋਂ ਰਾਸ਼ਟਰੀ ਸਿਹਤ ਪ੍ਰੋਗਰਾਮ ਨੂੰ ਹਰ ਪਿੰਡ ਕਸਬੇ ਵਿੱਚ ਪਹੁੰਚਾਓਣ ਦਾ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਏ। ਇਸੇ ਪੇਟ ਦੇ ਕੀੜਿਆਂ ਦੀ ਰੋਕਥਾਮ ਲਈ 28 ਨਵੰਬਰ 2024 ਨੂੰ ਡੀ-ਵਰਮਿੰਗ ਦਿਵਸ ਮੌਕੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੜਦੇ ਵਿਦਿਆਰਥੀਆਂ, ਆਂਗਨਵਾੜੀ ਵਿੱਚ ਰਜਿਸਟਰਡ ਬੱਚਿਆਂ, ਘਰਾਂ ਵਿੱਚ ਰਹਿੰਦੇ ਹੋਰ ਬੱਚਿਆ ਨੂੰ ਪੇਟ ਦੇ ਕੀੜਿਆਂ ਦੀ ਰੋਕਥਾਮ ਲਈ ਐਲਬੈਂਡਾਜੋਲ ਦੀ ਖੁਰਾਕ-ਗੋਲੀ ਦਿਤੀ

ਜਾਵੇਗੀ। ਜਿਹੜੇ ਬੱਚੇ 28 ਨਵੰਬਰ ਨੂੰ ਕਿਸੇ ਵੀ ਕਾਰਨ ਤੋਂ ਗੋਲੀ ਨਹੀਂ ਖਾ ਸਕੇ, ਉਹਨਾਂ ਨੂੰ 05 ਦਸੰਬਰ ਨੂੰ ਮੋਪ- ਅੱਪ ਦਿਵਸ ਤੇ ਗੋਲੀ ਦਿੱਤੀ ਜਾਵੇਗੀ।

---------------------------------------------------------------

ਨਵੀਂ ਦਿੱਲੀ ਦੇ ਪ੍ਰਗਤੀ ਮੈਦਾਨ ਵਿਖੇ ਚਲ ਰਹੇ ਅੰਤਰ ਰਾਸ਼ਟਰੀ ਵਪਾਰ ਮੇਲੇ ਵਿਚ ਪੰਜਾਬ ਪੈਵਿਲੀਅਨ ਸੂਬੇ ਦੇ ਸਨਅਤੀ ਵਿਕਾਸ, ਰਵਾਇਤ ਅਤੇ ਆਧੁਨਿਕਤਾ ਦੇ ਨਾਲ- ਨਾਲ, ਅਮੀਰ ਸਭਿਆਚਾਰਕ ਵਿਰਸੇ, ਖੇਤੀਬਾੜੀ, ਦਸਤਕਾਰੀ ਅਤਾ ਹੋਰ ਖੇਤਰਾਂ ਵਿਚ ਕੀਤੀ ਤਰੱਕੀ ਦੀ ਨਰੋਈ ਝਲਕ ਪੇਸ਼ ਕਰ ਰਿਹਾ ਏ. ਪੰਜਾਬ ਪੇਵਿਲੀਅਨ ਨੂੰ ਨਿਵੇਕਲੇ ਤਰੀਕੇ ਨਾਲ ਡਿਜ਼ਾਇਨ ਕੀਤਾ ਗਿਆ ਏ. ਇਹ ਪੈਵਿਲੀਅਨ, ਸੂਬੇ ਵਲੋਂ ਦੇਸ਼ ਦੇ ਵਿਕਾਸ ਵਿਚ, ਦੁੱਧ ਉਤਪਾਦਨ ਤੇ ਖੇਡਾਂ ਦੇ ਸਾਮਾਨ ਦੇ ਨਿਰਮਾਣ ਜਿਹੇ ਵੱਖ-ਵੱਖ ਖੇਤਰਾਂ ਵੱਲੋਂ ਪਾਏ ਜਾ ਰਹੇ ਯੋਗਦਾਨ ਦੀ ਝਲਕ ਪੇਸ਼ ਕਰ ਰਿਹਾ ਏ ।

-----------------------------------------------------------------

ਸਹਿਕਾਰਤਾ ਵਿਭਾਗ ਨੂੰ ਪੰਜਾਬ ਦੇ ਆਰਥਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਐਲਾਨਦਿਆਂ ਸੂਬੇ ਦੇ ਖਜਾਨਾ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਸਹਿਕਾਰਤਾ ਲਹਿਰ ਦੀ ਮਜ਼ਬੂਤੀ ਅਤੇ ਪੂੰਜੀ ਵਿਸਥਾਰ ਲਈ ਵਿੱਤ ਵਿਭਾਗ ਵੱਲੋਂ ਸਹਿਕਾਰਤਾ ਵਿਭਾਗ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਉਹ ਅੱਜ ਚੰਡੀਗੜ ਵਿਖੇ ਟੈਗੋਰ ਭਵਨ ਵਿੱਚ 71ਵੇਂ ਸਰਬ ਭਾਰਤੀ ਸਹਿਕਾਰਤਾ ਹਫਤੇ ਦੇ ਆਖਰੀ ਦਿਨ ਸੂਬਾ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਸਹਿਕਾਰਤਾ ਵਿਭਾਗ ਵੱਲੋਂ ਸੂਬੇ ਭਰ ਵਿੱਚ ਫੁਲਕਾਰੀਆਂ ਤਿਆਰ ਕਰਨ ਵਾਲੀਆਂ ਔਰਤਾਂ ਦੇ ਉਤਪਾਦਾਂ ਨੂੰ ਵਿਸਵ ਪੱਧਰੀ ਵਿਕਰੀ ਮੰਚ ਮੁਹੱਈਆ ਕਰਵਾਉਣ ਲਈ ਤਿਆਰ ਕੀਤੇ ਗਏ ਵੈੱਬ ਪੋਰਟਲ 'ਫੁਲਕਾਰੀ' ਅਤੇ ਵੇਰਕਾ ਦੇ ਨਵੇਂ ਉਤਪਾਦਾਂ ਨੂੰ ਵੀ ਜਾਰੀ ਕੀਤਾ। ਉਨ੍ਹਾਂ ਸਹਿਕਾਰਤਾ ਵਿਭਾਗ ਵੱਲੋਂ ਤਿਆਰ ਕੀਤੀ ਗਈ ਕੌਫੀ ਟੇਬਲ ਬੁੱਕ ਦੀ ਘੁੰਡ ਚੁਕਾਈ ਵੀ ਕੀਤੀ। ਖਜਾਨਾ ਮੰਤਰੀ ਨੇ ਦੱਸਿਆ ਕਿ ਇੰਨ੍ਹਾਂ ਬੈਂਕਾਂ ਨੂੰ ਹੋਰ ਮਜ਼ਬੂਤ ਅਤੇ ਕਾਰਜ਼ਸ਼ੀਲ ਬਨਾਉਣ ਲਈ ਇੰਨ੍ਹਾਂ ਦਾ ਕੰਪਿਊਟਰੀਕਰਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਹੁਣ ਤੱਕ 50 ਫੀਸਦੀ ਬੈਂਕਾਂ ਦਾ ਕੰਪਿਊਟਰੀਕਰਨ ਮੁਕੰਮਲ ਹੋ ਚੁੱਕਾ ਏ।

-------------------------------------------------------------

ਪੰਜਾਬ ‘ਚ ਪਿਛਲੇ 24 ਘੰਟਿਆਂ ਦੌਰਾਨ ਪ੍ਰਦੂਸ਼ਣ ਇਕ ਵਾਰ ਫਿਰ ਚਿੰਤਾਜਨਕ ਪੱਧਰ ‘ਤੇ ਪਹੁੰਚ ਗਿਆ ਏ । ਪੰਜਾਬ ਦੇ 8 ਵਿਚੋਂ 5 ਸ਼ਹਿਰਾਂ ਵਿਚ ਪ੍ਰਦੂਸ਼ਣ ਦਾ ਪੱਧਰ 200 ਤੋਂ ਵੱਧ ਹੈ ਜਦਕਿ ਚੰਡੀਗੜ੍ਹ ਵਿਚ ਪ੍ਰਦੂਸ਼ਣ ਦੇ ਪੱਧਰ ਵਿਚ ਮਾਮੂਲੀ ਕਮੀ ਆਈ ਏ । ਪੰਜਾਬ ਦੇ ਜ਼ਿਆਦਾਤਰ ਸ਼ਹਿਰਾਂ ਵਿਚ ਚੰਗੀ ਧੁੱਪ ਨਿਕਲਣ ਲੱਗੀ ਏ , ਜਿਸ ਕਾਰਨ ਦਿਨ ਦਾ ਤਾਪਮਾਨ ਆਮ ਵਾਂਗ ਹੋ ਰਿਹਾ ਏ । ਇਸ ਦੇ ਨਾਲ ਹੀ ਰਾਤ ਦਾ ਤਾਪਮਾਨ ਲਗਾਤਾਰ ਘਟਦਾ ਜਾ ਰਿਹਾ ਏ । ਬੀਤੀ ਰਾਤ ਤਾਪਮਾਨ 1.5 ਡਿਗਰੀ ਹੇਠਾਂ ਆ ਗਿਆ। ਇੰਨਾ ਹੀ ਨਹੀਂ ਪੰਜਾਬ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ 10 ਡਿਗਰੀ ਤੋਂ ਹੇਠਾਂ ਚਲਾ ਗਿਆ ਏ ।

-------------------------------------------------------------

ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ- 2024 ਸੀਜ਼ਨ 3' ਦੇ ਤਹਿਤ ਲੈਮਰਿਨ ਟੈਂਕ ਸ਼ਹਿਰ ਯੂਨੀਵਰਸਿਟੀ ਬਲਾਚੌਰ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਬਾਕਸਿੰਗ ਮੁਕਾਬਲਿਆਂ ਵਿਚ ਲੜਕਿਆਂ ਦੇ ਮੁਕਾਬਲੇ ਸ਼ੁਰੂ ਹੋ ਗਏ।

ਇਨ੍ਹਾਂ ਰਾਜ ਪੱਧਰੀ ਖੇਡ ਮੁਕਾਬਲਿਆਂ ਦੇ ਪਹਿਲੇ ਦਿਨ ਦੇ ਹੋਏ ਮੁਕਾਬਲਿਆਂ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ ਨੇ ਦੱਸਿਆ ਕਿ ਭਾਰ ਵਰਗ 57-60 ਕਿਲੋ ਵਿਚ ਜ਼ਿਲ੍ਹਾ ਬਰਨਾਲ ਦੇ ਰੋਬਿਨਪ੍ਰੀਤ ਨੇ ਜ਼ਿਲ੍ਹਾ ਐਸ. ਏ. ਐਸ ਨਗਰ ਦੇ ਗਿਰੀਸ਼ ਨੂੰ ਹਰਾਇਆ। ਜ਼ਿਲ੍ਹਾ ਜਲੰਧਰ ਦੇ ਦੀਪਕ ਨੇ ਜ਼ਿਲ੍ਹਾ ਮਾਨਸਾ ਦੇ ਸੁਖਮੀਤ ਨੂੰ ਹਰਾਇਆ। ਜ਼ਿਲ੍ਹਾ ਸੰਗਰੂਰ ਦੇ ਲਵੀ ਨੇ ਜ਼ਿਲ੍ਹਾ ਮੋਗਾ ਦੇ ਅਮਰਿੰਦਰ ਨੂੰ ਹਰਾਇਆ। ਇਸੇ ਤਰ੍ਹਾ ਭਾਰ ਵਰਗ 46-57 ਕਿਲੋ ਵਿਚ ਜ਼ਿਲ੍ਹਾ ਸੰਗਰੂਰ ਦੇ ਕਰਨ ਨੇ ਜ਼ਿਲ੍ਹਾ ਮੁਕਤਸਰ ਦੇ ਹਰਦੀਪ ਨੂੰ ਹਰਾਇਆ। ਜ਼ਿਲ੍ਹਾ ਲੁਧਿਆਣਾ ਦੇ ਤਨਿਸ਼ ਨੇ ਜ਼ਿਲ੍ਹਾ ਐਸ.ਏ.ਐਸ ਨਗਰ ਦੇ ਵਿਸ਼ਵਜੀਤ ਨੂੰ ਹਰਾਇਆ। ਇਸੇ ਤਰ੍ਹਾਂ ਭਾਰ ਵਰਗ 51-54 ਕਿਲੋ ਵਿਚ ਜ਼ਿਲ੍ਹਾ ਜਲੰਧਰ ਦੇ ਬੰਟੀ ਨੇ ਜ਼ਿਲ੍ਹਾ ਅਮ੍ਰਿੰਤਸਰ ਦੇ ਸੁਰਿੰਦਰਪਾਲ ਨੂੰ ਹਰਾਇਆ।

---------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਰਵਜੋਤ ਸਿੰਘ ਨੇ ਸਵੱਛ ਭਾਰਤ ਮਿਸ਼ਨ ਦੇ ਦੂਜੇ ਪੜਾਅ ਤਹਿਤ ਪਿੰਡਾਂ ਵਿੱਚ ਲੋੜਵੰਦ ਲਾਭਪਾਤਰੀਆਂ ਨੂੰ ਘਰਾਂ ਵਿੱਚ ਪਖਾਨੇ ਬਣਾਉਣ ਲਈ ਮਿਲਣ ਵਾਲੀ

ਪ੍ਰੋਤਸਾਹਨ ਰਾਸ਼ੀ ਦੇ ਪ੍ਰਵਾਨਗੀ ਪੱਤਰ ਵੰਡੇ ਨੇ।ਵਿਸ਼ਵ ਪਖਾਨੇ ਦਿਵਸ ਦੇ ਸਬੰਧ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋੜਵੰਦਾਂ ਨੂੰ ਪਖਾਨੇ ਬਣਾਉਣ ਵਿੱਚ ਮਦਦ ਕਰ ਰਹੀ ਹੈ ਤਾਂ ਜੋ ਹਰ ਪਿੰਡ ਖੁੱਲੇ ਵਿੱਚ ਪਖਾਨਾ ਜਾਣ ਤੋਂ ਮੁਕਤ ਹੋ ਸਕਣ।

---------------------------------------------------------------------------

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਫਾਜ਼ਿਲਕਾ ਵਿਚ ਬੀਐਸਐਫ, ਪੁਲਿਸ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਕੌਮਾਂਤਰੀ ਸਰਹੱਦ ਤੇ ਲੱਗੀ ਕੰਡਿਆਲੀ ਤਾਰ ਦੇ ਪਾਰ ਆਪਣੀਆਂ ਜਮੀਨਾਂ ਤੇ ਖੇਤੀ ਕਰ ਰਹੇ ਕਿਸਾਨਾਂ ਦੀਆਂ ਮੁਸਕਿਲਾਂ ਦੇ ਹੱਲ ਸਬੰਧੀ ਬੈਠਕ ਕੀਤੀ। ਬੈਠਕ ਦੌਰਾਨ ਉਨ੍ਹਾਂ ਨੇ ਝੋਨੇ ਦੀ ਵਾਢੀ ਅਤੇ ਪਰਾਲੀ ਪ੍ਰਬੰਧਨ ਦੇ ਕਾਰਜਾਂ ਦੌਰਾਨ ਕਿਸਾਨਾਂ ਨੂੰ ਤਾਰ ਪਾਰ ਕੀਤੇ ਜਾਣ ਵਾਲੇ ਕੰਮਾਂ ਵਿਚ ਦਿੱਕਤ ਨਾ ਆਉਣ ਦੇਣ ਦੀ ਹਦਾਇਤ ਕੀਤੀ। ਬੀਐਸਐਫ ਦੇ ਅਧਿਕਾਰੀਆਂ ਨੂੰ ਕਿਹਾ ਗਿਆ ਏ ਕਿ ਨਿਯਮਾਂ ਵਿਚ ਰਹਿੰਦੇ ਹੋਏ ਕਿਸਾਨਾਂ ਦੀ ਮਦਦ ਕੀਤੀ ਜਾਵੇ ਤਾਂ ਜੋ ਉਹ ਬੇਲਰ ਨਾਲ ਆਪਣੀ ਪਰਾਲੀ ਦੀਆਂ ਗੱਠਾਂ ਬਣਵਾ ਲੈਣ ਅਤੇ ਕਣਕ ਦੀ ਬਿਜਾਈ ਸਮੇਂ ਸਿਰ

ਕਰ ਸਕਨ। ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਕਿਸਾਨਾਂ ਨੂੰ ਇਸ ਸਬੰਧੀ ਬੇਲਰ ਦੀ ਸਹੂਲਤ ਮੁਹਈਆ ਕਰਵਾਉਣ ਵਿਚ ਮਦਦ ਕਰਨ ਦੇ ਨਾਲ ਕਿਸਾਨਾਂ ਨੂੰ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ।

------------------------------------------------------------

- ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿਚ ਜਿਮਨੀ ਚੋਣਾਂ ਲਈ ਪੋਲਿੰਗ ਕੁਲ ਮਿਲਾ ਕੇ ਅਮਨੋ ਅਮਾਨ ਨਾਲ ਖਤਮ ਹੋਈ, ਸ਼ਾਮ 5 ਵਜੇ ਤੱਕ 59.67 ਫੀਸਦ ਵੋਟਿੰਗ ਦਰਜ ਕੀਤੀ ਗਈ
- ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਤਹਿਤ ਜਿਲਾ ਤਰਨਤਾਰਨ ਵਿਚ 5 ਹਜਾਰ ਤੋਂ ਵੱਧ ਆਬਾਦੀ ਵਾਲੇ ਪਿੰਡ ਨੂੰ ਸੂਰਜੀ ਸੋਲਰ ਪਿੰਡ ਵਜੋਂ ਵਿਕਸਤ ਕੀਤਾ ਜਾਵੇਗਾ।
- ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਜੇਈਈ ਮੇਨਜ਼ ਤੇ ਨੀਟ ਪ੍ਰੀਖਿਆਵਾਂ ਕਰਵਾਉਣ ਦਾ ਫੈਸਲਾ ਕੀਤਾ ਏ।

- ਸੂਬੇ ‘ਚ ਪਿਛਲੇ 24 ਘੰਟਿਆਂ ਦੌਰਾਨ ਪ੍ਰਦੂਸ਼ਣ ਇਕ ਵਾਰ ਫਿਰ ਚਿੰਤਾਜਨਕ ਪੱਧਰ ‘ਤੇ ਪਹੁੰਚ ਗਿਆ ਏ।